**ਪ੍ਰਧਾਨ ਮੰਤਰੀ ਨੇ G7 ਸਮਿਟ ਦੇ ਮੌਕੇ ‘ਤੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨਾਲ ਮੁਲਾਕਾਤ ਕੀਤੀ**

ਜੂਨ 18, 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ, ਨੇ ਅੱਜ ਕਨਾਨਾਸਕਿਸ, ਅਲਬਰਟਾ ਵਿੱਚ G7 ਸਮਿਟ ਦੇ ਮੌਕੇ ‘ਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਮਾਰਕ ਕਾਰਨੀ ਦੇ ਨਾਲ ਦੁਵੱਲੀ ਬੈਠਕ ਕੀਤੀ।

2. ਕੈਨੇਡਾ ਵਿੱਚ ਹਾਲ ਹੀ ਵਿੱਚ ਹੋਈਆਂ ਆਮ ਚੋਣਾਂ ਦੇ ਬਾਅਦ ਪ੍ਰਧਾਨ ਮੰਤਰੀ ਕਾਰਨੀ ਦੇ ਅਹੁਦਾ ਗ੍ਰਹਿਣ ਕਰਨ ਤੋਂ ਬਾਅਦ ਦੋਵੇਂ ਨੇਤਾਵਾਂ ਦਰਮਿਆਨ ਇਹ ਪਹਿਲੀ ਸਿੱਧੀ ਗੱਲਬਾਤ ਸੀ। ਇਸ ਬੈਠਕ ਨੇ ਦੋਵਾਂ ਦਿਰਾਂ ਨੂੰ ਭਾਰਤ-ਕੈਨੇਡਾ ਸਬੰਧਾਂ ਦੀ ਮੌਜੂਦਾ ਸਥਿਤੀ ਅਤੇ ਭਵਿੱਖ ਬਾਰੇ ਸਪਸ਼ਟ ਅਤੇ ਖੁੱਲ੍ਹੇ ਵਿਚਾਰਾਂ ਦੇ ਨਾਲ ਚਰਚਾ ਕਰਨ ਦਾ ਅਵਸਰ ਪ੍ਰਦਾਨ ਕੀਤਾ।

3. ਦੋਵੇਂ ਨੇਤਾਵਾਂ ਨੇ ਸਾਂਝੀਆਂ ਲੋਕਤੰਤਰੀ ਕਦਰਾਂ-ਕੀਮਤਾਂ, ਕਾਨੂੰਨ ਦੇ ਸ਼ਾਸਨ ਦੇ ਸਨਮਾਨ ਅਤੇ ਪ੍ਰਭੂਸੱਤਾ। ਅਤੇ ਖੇਤਰੀ ਅਖੰਡਤਾ ਦੇ ਸਿਧਾਂਤਾਂ ਨੂੰ ਬਣਾਏ ਰੱਖਣ ਦੀ ਪ੍ਰਤੀਬੱਧਤਾ ਦੇ ਅਧਾਰ ‘ਤੇ ਭਾਰਤ-ਕੈਨੇਡਾ ਸਬੰਧਾਂ ਦੇ ਮਹੱਤਵ ‘ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਚਿੰਤਾਵਾਂ ਅਤੇ ਸੰਵੇਦਨਸ਼ੀਲਤਾਵਾਂ ਲਈ ਆਪਸੀ ਸਨਮਾਨ, ਲੋਕਾਂ ਦਰਮਿਆਨ ਮਜ਼ਬੂਤ ਸਬੰਧਾਂ ਅਤੇ ਵਧਦੇ ਆਰਥਿਕ ਪੂਰਕਾਂ ‘ਤੇ ਅਧਾਰਿਤ ਰਚਨਾਤਮਕ ਅਤੇ ਸੰਤੁਲਿਤ ਸਾਂਝੇਦਾਰੀ ਨੂੰ ਅੱਗੇ ਵਧਾਉਣ ਦੀ ਜ਼ਰੂਰਤ ‘ਤੇ ਜ਼ੋਰ ਦਿੱਤਾ। ਇਸ ਬਾਰੇ, ਦੋਵੇਂ ਧਿਰਾਂ ਸਬੰਧਾਂ ਵਿੱਚ ਸਥਿਰਤਾ ਬਹਾਲ ਕਰਨ ਲਈ ਸੰਤੁਲਿਤ ਅਤੇ ਰਚਨਾਤਮਕ ਕਦਮ ਚੁੱਕਣ ‘ਤੇ ਸਹਿਮਤ ਹੋਈਆਂ ਅਤੇ ਇਸ ਦੀ ਸ਼ੁਰੂਆਤ ਇੱਕ –ਦੂਸਰੇ ਦੀਆਂ ਰਾਜਧਾਨੀਆਂ ਵਿੱਚ ਹਾਈ ਕਮਿਸ਼ਨਰਾਂ ਦੀ ਜਲਦੀ ਵਾਪਸੀ ਨਾਲ ਹੋਵੇਗੀ।

4. ਦੋਵੇਂ ਨੇਤਾਵਾਂ ਨੇ ਵਿਸ਼ਵਾਸ ਬਹਾਲੀ ਅਤੇ ਸਬੰਧਾਂ ਵਿੱਚ ਗਤੀ ਲਿਆਉਣ ਲਈ ਵੱਖ-ਵੱਖ ਖੇਤਰਾਂ ਵਿੱਚ ਸੀਨੀਅਰ ਮੰਤਰੀ ਪੱਧਰੀ ਅਤੇ ਕਾਰਜ-ਪੱਧਰੀ ਸਬੰਧਾਂ ਨੂੰ ਮੁੜ ਤੋਂ ਸ਼ੁਰੂ ਕਰਨ ਦੇ ਮਹੱਤਵ ‘ਤੇ ਜ਼ੋਰ ਦਿੱਤਾ।

5. ਨੇਤਾਵਾਂ ਨੇ ਸਵੱਛ ਊਰਜਾ, ਡਿਜ਼ੀਟਲ ਪਰਿਵਰਤਨ, ਆਰਟੀਫਿਸ਼ੀਅਲ ਇੰਟੈਲੀਜੈਂਸ, LNG, ਖੁਰਾਕ ਸੁਰੱਖਿਆ, ਮਹੱਤਵਪੂਰਨ ਖਣਿਜ, ਉੱਚ ਸਿੱਖਿਆ, ਗਤੀਸ਼ੀਲਤਾ ਅਤੇ ਮਜ਼ਬੂਤ ਸਪਲਾਈ ਚੇਨ ਜਿਹੇ ਖੇਤਰਾਂ ਵਿੱਚ ਸਹਿਯੋਗ ਦੇ ਮੌਕਿਆਂ ‘ਤੇ ਚਰਚਾ ਕੀਤੀ। ਉਨ੍ਹਾਂ ਨੇ ਇੱਕ ਸੁਤੰਤਰ ਅਤੇ ਖੁੱਲ੍ਹੇ ਇੰਡੋ-ਪੈਸੀਫਿਕ ਨੂੰ ਹੁਲਾਰਾ ਦੇਣ ਵਿੱਚ ਆਪਣੀ ਸਾਂਝਾ ਦਿਲਚਸਪੀ ਵਿਅਕਤ ਕੀਤੀ। ਨੇਤਾਵਾਂ ਨੇ ਵਿਆਪਕ ਆਰਥਿਕ ਭਾਗੀਦਾਰੀ ਸਮਝੌਤੇ CEPA ਦਾ ਮਾਰਗ ਪੱਧਰਾ ਕਰਨ ਦੇ ਉਦੇਸ਼ ਨਾਲ ਸ਼ੁਰੂਆਤੀ ਵਿਕਾਸ ਵਪਾਰ ਸਮਝੌਤੇ (EPTA) ‘ਤੇ ਰੁਕੀ ਹੋਈ ਵਾਰਤਾ ਨੂੰ ਫਿਰ ਤੋਂ ਸ਼ੁਰੂ ਕਰਨ ‘ਤੇ ਵੀ ਚਰਚਾ ਕੀਤੀ। ਉਨ੍ਹਾਂ ਨੇ ਇਸ ਸਬੰਧ ਨੂੰ ਅੱਗੇ ਵਧਾਉਣ ਲਈ ਆਪਣੇ-ਆਪਣੇ ਅਧਿਕਾਰੀਆਂ ਨੂੰ ਕੰਮ ਸੌਂਪਣ ‘ਤੇ ਸਹਿਮਤੀ ਵਿਅਕਤੀ ਕੀਤੀ।

6. ਦੋਵੇਂ ਨੇਤਾਵਾਂ ਨੇ ਮੰਨਿਆ ਕਿ G7 ਸਮਿਟ ਵਿੱਚ ਮਹੱਤਵਪੂਰਨ ਵਿਕਾਸ ਹੋਇਆ ਹੈ ਅਤੇ ਜਲਵਾਯੂ ਕਾਰਵਾਈ, ਸਮਾਵੇਸ਼ੀ ਵਿਕਾਸ ਅਤੇ ਟਿਕਾਊ ਵਿਕਾਸ ਜਿਹੀਆਂ ਆਲਮੀ ਪ੍ਰਾਥਮਿਕਤਾਵਾਂ 'ਤੇ ਰਚਨਾਤਮਕ ਤੌਰ 'ਤੇ ਮਿਲ ਕੇ ਕੰਮ ਕਰਨ ਦੀ ਇੱਛਾ ਵਿਅਕਤ ਕੀਤੀ।

7. ਨੇਤਾਵਾਂ ਨੇ ਦੋਵਾਂ ਦੇਸ਼ਾਂ ਦੇ ਲੋਕਾਂ ਦਰਮਿਆਨ ਮਜ਼ਬੂਤ ਸਬੰਧਾਂ ਦਾ ਜ਼ਿਕਰ ਕਰਦੇ ਹੋਏ ਆਪਸੀ ਲਾਭ ਲਈ ਇਸ ਜੀਵੰਤ ਸੇਤੂ ਦਾ ਲਾਭ ਲੈਣ 'ਤੇ ਸਹਿਮਤੀ ਵਿਅਕਤ ਕੀਤੀ।

8. ਦੋਵੇਂ ਨੇਤਾਵਾਂ ਨੇ ਇੱਕ-ਦੂਸਰੇ ਦੇ ਸੰਪਰਕ ਵਿੱਚ ਰਹਿਣ 'ਤੇ ਸਹਿਮਤੀ ਵਿਅਕਤ ਕੀਤੀ ਅਤੇ ਜਲਦੀ ਤੋਂ ਜਲਦੀ ਮੁੜ ਤੋਂ ਮਿਲਣ ਦੀ ਉਮੀਦ ਜਤਾਈ।

ਕਨਾਨਾਸਕਿਸ

ਜੂਨ 17, 2025